


# Kabio Bach Benti Choupai

by Guru Gobind Singh

Distributed by SikhNet.com

ੴ

ਸ੍ਰੀ ਵਾਹਿਗੁਰੂ ਜੀ ਕੀ ਫਤਹ ॥

ਪਾਤਿਸਾਹੀਃ ੧੦ ॥

ਕਬਿਯੋਬਾਚ ਬੇਨਤੀ ॥

ਚੌਪਈ ॥

ਹਮਰੀ ਕਰੋ ਹਾਥ ਦੈ ਰੱਛਾ ॥ ਪੂਰਨ ਹੋਇ ਚਿਤ ਕੀ ਇੱਛਾ ॥ ਤਵ ਚਰਨਨ ਮਨ ਰਹੈ ਹਮਾਰਾ ॥ ਅਪਨਾ ਜਾਨ ਕਰੋ ਪ੍ਰਤਿਪਾਰਾ ॥੧॥

ਹਮਰੇ ਦੁਸਟ ਸਭੈ ਤੁਮ ਘਾਵਹੁ ॥ ਆਪੁ ਹਾਥ ਦੈ ਮੋਹਿ ਬਚਾਵਹੁ ॥ ਸੁਖੀ ਬਸੈ ਮੋਰੋ ਪਰਿਵਾਰਾ ॥ ਸੇਵਕ ਸਿੱਖ ਸਭੈ ਕਰਤਾਰਾ ॥੨॥

ਮੋ ਰੱਛਾ ਨਿਜ ਕਰ ਦੈ ਕਰਿਯੈ ॥ ਸਭ ਬੈਰਨ ਕੋ ਆਜ ਸੰਘਰਿਯੈ ॥ ਪੂਰਨ ਹੋਇ ਹਮਾਰੀ ਆਸਾ ॥ ਤੋਰ ਭਜਨ ਕੀ ਰਹੈ ਪਿਆਸਾ ॥੩॥

ਤੁਮਹਿ ਛਾਡਿ ਕੋਈ ਅਵਰ ਨ ਧਿਯਾਊਂ ॥ ਜੋ ਬਰ ਚਹੋਂ ਸੁ ਤੁਮ ਤੇ ਪਾਊਂ ॥ ਸੇਵਕ ਸਿੱਖ ਹਮਾਰੇ ਤਾਰੀਅਹਿ ॥ ਚੁਨਿ ਚੁਨਿ ਸਤ੍ਰ ਹਮਾਰੇ ਮਾਰੀਅਹਿ ॥੪॥

ਆਪ ਹਾਥ ਦੈ ਮੁਝੈ ਉਬਰਿਯੈ ॥ ਮਰ ਨ ਕਾਲ ਕਾ ਤ੍ਰਾਸ ਨਿਵਰਿਯੈ ॥ਹੂਜੋ ਸਦਾ ਹਮਾਰੇ ਪੱਛਾ ॥ ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥

ਰਾਖਿ ਲੇਹੁ ਮੁਹਿ ਰਾਖਨਹਾਰੇ ॥ ਸਾਹਿਬ ਸੰਤ ਸਹਾਇ ਪਿਯਾਰੇ ॥ਦੀਨ ਬੰਧੁ ਦੁਸਟਨ ਕੇ ਹੰਤਾ ॥ ਤੁਮਹੋ ਪੁਰੀ ਚਤੁਰ ਦਸ ਕੰਤਾ ॥੬॥

ਕਾਲ ਪਾਇ ਬ੍ਰਹਮਾ ਬਪੁ ਧਰਾ ॥ ਕਾਲ ਪਾਇ ਸਿਵਜੂ ਅਵਤਰਾ ॥ ਕਾਲ ਪਾਇ ਕਰ ਬਿਸਨੁ ਪ੍ਰਕਾਸਾ ॥ ਸਕਲ ਕਾਲ ਕਾ ਕੀਆ ਤਮਾਸਾ ॥੭॥

ਜਵਨ ਕਾਲ ਜੋਗੀ ਸਿਵ ਕੀਓ ॥ ਬੇਦਰਾਜ ਬ੍ਰਹਮਾ ਜੂ ਥੀਓ ॥ ਜਵਨ ਕਾਲ ਸਭ ਲੋਕ ਸਵਾਰਾ ॥ ਨਮਸਕਾਰ ਹੈ ਤਾਹਿ ਹਮਾਰਾ ॥੮॥

ਜਵਨ ਕਾਲ ਸਭ ਜਗਤ ਬਨਾਯੋ ॥
ਦੇਵ ਦੈਤ ਜੱਛਨ ਉਪਜਾਯੋ ॥ ਆਦਿ ਅੰਤਿ
ਏਕੈ ਅਵਤਾਰਾ ॥ ਸੋਈ ਗੁਰੂ ਸਮਝਿਯਹੁ
ਹਮਾਰਾ ॥੯॥

ਨਮਸਕਾਰ ਤਿਸ ਹੀ ਕੋ ਹਮਾਰੀ ॥
ਸਕਲ ਪ੍ਰਜਾ ਜਿਨ ਆਪ ਸਵਾਰੀ ॥ ਸਿਵਕਨ
ਕੋ ਸਿਵਗੁਨ ਸੁਖ ਦੀਓ ॥ ਸੱਤ੍ਰੁਨ ਕੋ ਪਲ ਮੋ
ਬਧ ਕੀਓ ॥੧੦॥

ਘਟ ਘਟ ਕੇ ਅੰਤਰ ਕੀ ਜਾਨਤ ॥
ਭਲੇ ਬੁਰੇ ਕੀ ਪੀਰ ਪਛਾਨਤ ॥ ਚੀਟੀ ਤੇ
ਕੁੰਚਰ ਅਸਥੂਲਾ ॥ ਸਭ ਪਰ ਕ੍ਰਿਪਾ ਦ੍ਰਿਸਟਿ
ਕਰ ਫੂਲਾ ॥੧੧॥

ਸੰਤਨ ਦੁਖ ਪਾਏ ਤੇ ਦੁਖੀ ॥ ਸੁਖ ਪਾਏ ਸਾਧਨ ਕੇ ਸੁਖੀ ॥ ਏਕ ਏਕ ਕੀ ਪੀਰ ਪਛਾਨੈਂ ॥ ਘਟ ਘਟ ਕੇ ਪਟ ਪਟ ਕੀ ਜਾਨੈਂ ॥੧੨॥

ਜਬ ਉਦਕਰਖ ਕਰਾ ਕਰਤਾਰਾ ॥ ਪ੍ਰਜਾ ਧਰਤ ਤਬ ਦੇਹ ਅਪਾਰਾ ॥ ਜਬ ਆਕਰਖ ਕਰਤ ਹੋ ਕਬਹੂੰ ॥ ਤੁਮ ਮੈ ਮਿਲਤ ਦੇਹ ਧਰ ਸਭਹੂੰ ॥੧੩॥

ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥ ਆਪੁ ਆਪਨੀ ਬੂਝ ਉਚਾਰੈ ॥ ਤੁਮ ਸਭਹੀ ਤ ਰਹਤ ਨਿਰਾਲਮ ॥ ਜਾਨਤ ਬੇਦ ਭੇਦ ਅਰ ਆਲਮ ॥੧੪॥

ਨਿਰੰਕਾਰ ਨ੍ਰਿਬਿਕਾਰ ਨਿਰਲੰਭ ॥
ਆਦਿ ਅਨੀਲ ਅਨਾਦਿ ਅਸੰਭ ॥ ਤਾ ਕਾ
ਮੂੜ੍ਹ ਉਚਾਰਤ ਭੇਦਾ ॥ ਜਾ ਕੌ ਭੇਵ ਨ ਪਾਵਤ
ਬੇਦਾ ॥੧੫॥

ਤਾ ਕੌ ਕਰਿ ਪਾਹਨ ਅਨੁਮਾਨਤ ॥
ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਦੇਵ ਕੌ
ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ
ਨਹਿ ਭਿਵ ॥੧੬॥

ਆਪੁ ਆਪਨੀ ਬੁਧਿ ਹੈ ਜੇਤੀ ॥
ਬਰਨਤ ਭਿੰਨ ਭਿੰਨ ਤੁਹਿ ਤੇਤੀ ॥ ਤੁਮਰਾ
ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ
ਪ੍ਰਥਮ ਸੰਸਾਰਾ ॥੧੭॥

ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰ ਰਚਿ ਦੀਨੀ ॥੧੮॥

ਕਹੂੰ ਫੂਲ ਰਾਜਾ ਹ੍ਵੈ ਬੈਠਾ ॥ ਕਹੂੰ ਸਿਮਟਿ ਭ੍ਯਿੋ ਸੰਕਰ ਇਕੈਠਾ ॥ ਸਗਰੀ ਸ੍ਰਿਸਟਿ ਦਿਖਾਇ ਅਚੰਭਵ ॥ ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥

ਅਬ ਰੱਛਾ ਮੇਰੀ ਤੁਮ ਕਰੋ ॥ ਸਿੱਖ ਉਬਾਰਿ ਅਸਿੱਖ ਸੰਘਰੋ ॥ ਦੁਸ਼ਟ ਜਿਤੇ ਉਠਵਤ ਉਤਪਾਤਾ ॥ ਸਕਲ ਮਲੇਛ ਕਰੋ ਰਣ ਘਾਤਾ ॥੨੦॥

ਜੇ ਅਸਿਧੁਜ ਤਵ ਸਰਨੀ ਪਰੇ ॥ ਤਿਨ ਕੇ ਦੁਸ਼ਟ ਦੁਖਿਤ ਹ੍ਵੈ ਮਰੇ ॥ ਪੁਰਖ ਜਵਨ ਪਗ ਪਰੇ ਤਿਹਾਰੇ ॥ ਤਿਨ ਕੇ ਤੁਮ ਸੰਕਟ ਸਭ ਟਾਰੇ ॥੨੧॥

ਜੋ ਕਲਿ ਕੋ ਇਕ ਬਾਰ ਧਿਐ ਹੈ ॥ ਤਾ ਕੇ ਕਾਲ ਨਿਕਟਿ ਨਹਿ ਐਹੈ ॥ ਰੱਛਾ ਹੋਇ ਤਾਹਿ ਸਭ ਕਾਲਾ ॥ ਦੁਸਟ ਅਰਿਸਟ ਟਰੇਂ ਤਤਕਾਲਾ ॥੨੨॥

ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥ ਤਾ ਕੇ ਤਾਪ ਤਨਕ ਮੋ ਹਰਿਹੋ ॥ ਰਿੱਧਿ ਸਿੱਧਿ ਘਰ ਮੋ ਸਭ ਹੋਈ ॥ ਦੁਸ਼ਟ ਛਾਹ ਛ੍ਵੈ ਸਕੈ ਨ ਕੋਈ ॥੨੩॥

ਏਕ ਬਾਰ ਜਿਨ ਤੁਮੈ ਸੰਭਾਰਾ ॥ ਕਾਲ ਫਾਸ ਤੇ ਤਾਹਿ ਉਬਾਰਾ ॥ ਜਿਨ ਨਰ ਨਾਮ ਤਿਹਾਰੋ ਕਹਾ ॥ ਦਾਰਿਦ ਦੁਸਟ ਦੋਖ ਤੇ ਰਹਾ ॥੨੪॥

ਖੜਗ ਕੇਤ ਮੈ ਸਰਣਿ ਤਿਹਾਰੀ ॥ ਆਪ ਹਾਥ ਦੈ ਲੇਹੁ ਉਬਾਰੀ ॥ਸਰਬ ਠੌਰ ਮੋ ਹੋਹੁ ਸਹਾਈ ॥ ਦੁਸਟ ਦੋਖ ਤੇ ਲੇਹੁ ਬਚਾਈ ॥੨੫॥

ਕ੍ਰਿਪਾ ਕਰੀ ਹਮ ਪਰ ਜਗ ਮਾਤਾ ॥ ਗ੍ਰੰਥ ਕਰਾ ਪੂਰਨ ਸੁਭ ਰਾਤਾ ॥ ਕਿਲਬਿਖ ਸਕਲ ਦੇਹ ਕੋ ਹਰਤਾ ॥ ਦੁਸਟ ਦੋਖਿਯਨ ਕੋ ਛੈ ਕਰਤਾ ॥੨੬॥

ਸ੍ਰੀ ਅਸਿਧੁਜ ਜਬ ਭਏ ਦਇਆਲਾ ॥ ਪੂਰਨ ਕਰਾ ਗ੍ਰੰਥ ਤਤਕਾਲਾ ॥ ਮਨ ਬਾਂਛਤ ਫਲ ਪਾਵੈ ਸੋਈ ॥ ਦੂਖ ਨ ਤਿਸੈ ਬਿਆਪਤ ਕੋਈ ॥੨੭॥

ਅੜਿੱਲ ॥

ਸੁਨੈ ਗੁੰਗ ਜੋ ਯਾਹਿ ਸੁ ਰਸਨਾ ਪਾਵਈ ॥
ਸੁਨੈ ਮੂੜ ਚਿਤ ਲਾਇ ਚਤੁਰਤਾ ਆਵਈ ॥
ਦੂਖ ਦਰਦ ਭੌ ਨਿਕਟ ਨ ਤਿਨ ਨਰ ਕੇ ਰਹੈ ॥ ਹੋ ਜੋ ਯਾਕੀ ਏਕ ਬਾਰ ਚੌਪਈ ਕੋ ਕਹੈ ॥੨੮॥

ਚੌਪਈ ॥

ਸੰਬਤ ਸੱਤ੍ਰਹ ਸਹਸ ਭਣਿੱਜੈ ॥ ਅਰਧ ਸਹਸ ਫੁਨਿ ਤੀਨਿ ਕਹਿੱਜੈ ॥ ਭਾਦ੍ਰਵ ਸੁਦੀ ਅਸਟਮੀ ਰਵਿ ਵਾਰਾ ॥ ਤੀਰ ਸਤੁੱਦ੍ਰਵ ਗ੍ਰੰਥ ਸੁਧਾਰਾ ॥੨੯॥

ਸ੍ਵੈਯਾ ॥

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀਂ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈਂ ਹਮ ਏਕ ਨ ਜਾਨਯੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ ॥

ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਿਓ
ਤੁਹਾਰੋ ਦੁਆਰ ॥ਬਾਂਹਿ ਗਹੇ ਕੀ ਲਾਜ
ਅਸ ਗੋਬਿੰਦ ਦਾਸ ਤੁਹਾਰ ॥